# ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10**

**ਮਿਤੀ : 09-08-2025**

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਮਹਾਤਮਾ ਗਾਂਧੀ ਦੀ ਪ੍ਰੇਰਨਾਦਾਇਕ ਅਗਵਾਈ ਹੇਠ ਭਾਰਤ ਛੱਡੋ ਅੰਦੋਲਨ ਵਿੱਚ ਹਿੱਸਾ ਲੈਣ ਵਾਲੇ ਸਾਰੇ ਬਹਾਦਰ ਲੋਕਾਂ ਨੂੰ ਯਾਦ ਕੀਤਾ ਏ ਅਤੇ ਉਨ੍ਹਾਂ ਦਾ ਧੰਨਵਾਦ ਕੀਤਾ ਏ। ਇੱਕ ਸੋਸ਼ਲ ਮੀਡੀਆ ਪੋਸਟ ਵਿੱਚ, ਸ਼੍ਰੀ ਮੋਦੀ ਨੇ ਕਿਹਾ ਕਿ ਉਨ੍ਹਾਂ ਲੋਕਾਂ ਦੀ ਹਿੰਮਤ ਨੇ ਦੇਸ਼ ਭਗਤੀ ਦੀ ਇੱਕ ਚੰਗਿਆੜੀ ਜਗਾਈ ਜਿਸਨੇ ਆਜ਼ਾਦੀ ਦੀ ਭਾਲ ਵਿੱਚ ਅਣਗਿਣਤ ਲੋਕਾਂ ਨੂੰ ਇੱਕਜੁੱਟ ਕੀਤਾ।

---

ਭੈਣ-ਭਰਾ ਦੇ ਪਿਆਰ ਦਾ ਤਿਉਹਾਰ, ਰੱਖੜੀ ਅੱਜ ਦੇਸ਼ ਭਰ ਵਿੱਚ, ਪੂਰੇ ਉਤਸ਼ਾਹ ਤੇ ਖੁਸ਼ੀਆਂ ਨਾਲ ਮਨਾਇਆ ਜਾ ਰਿਹਾ ਏ। ਇਸ ਮੌਕੇ, ਭੈਣਾਂ ਆਪਣੇ ਭਰਾਵਾਂ ਦੇ ਗੁੱਟ 'ਤੇ ਰੰਗ-ਬਿਰੰਗੀਆਂ ਰੱਖੜੀ ਬੰਨ੍ਹਦੀਆਂ ਨੇ ਅਤੇ ਉਨ੍ਹਾਂ ਦੀ ਖੁਸ਼ਹਾਲੀ, ਸਿਹਤ ਅਤੇ ਤੰਦਰੁਸਤੀ ਦੀ ਕਾਮਨਾ ਕਰਦੀਆਂ ਨੇ। ਬਦਲੇ ਵਿੱਚ, ਭਰਾ ਆਪਣੀਆਂ ਭੈਣਾਂ ਦੀ ਰੱਖਿਆ ਅਤੇ ਹਮਾਇਤ ਕਰਨ ਦਾ ਅਹਿਦ ਲੈਂਦੇ ਨੇ ਅਤੇ ਉਨ੍ਹਾਂ ਨੂੰ ਤੋਹਫ਼ੇ ਦਿੰਦੇ ਨੇ।

-----------------------------------------------------------------------

ਰੱਖੜੀ ਦੇ ਸ਼ੁਭ ਮੌਕੇ 'ਤੇ, ਰਾਸ਼ਟਰਪਤੀ ਦ੍ਰੋਪਦੀ ਮੁਰਮੂ ਨੇ ਭਾਰਤ ਅਤੇ ਵਿਦੇਸ਼ਾਂ ਵਿੱਚ ਰਹਿਣ ਵਾਲੇ ਸਾਰੇ ਨਾਗਰਿਕਾਂ ਨੂੰ ਆਪਣੀਆਂ ਨਿੱਘੀਆਂ ਸ਼ੁਭਕਾਮਨਾਵਾਂ ਦਿੱਤੀਆਂ ਨੇ. ਰਾਸ਼ਟਰਪਤੀ ਨੇ ਕਿਹਾ ਕਿ ਇਹ ਪਵਿੱਤਰ ਤਿਉਹਾਰ ਸਮਾਜ ਵਿੱਚ ਸਦਭਾਵਨਾ ਅਤੇ ਏਕਤਾ ਦੀ ਭਾਵਨਾ ਨੂੰ ਉਤਸ਼ਾਹਿਤ ਕਰਦਾ ਏ ਅਤੇ ਭਰਾਵਾਂ ਅਤੇ ਭੈਣਾਂ ਵਿਚਕਾਰ ਪਿਆਰ ਅਤੇ ਵਿਸ਼ਵਾਸ ਦੇ ਵਿਲੱਖਣ ਰਿਸ਼ਤੇ ਨੂੰ ਦਰਸਾਉਂਦਾ ਏ। ਸ਼੍ਰੀਮਤੀ ਮੁਰਮੂ ਨੇ ਅੱਗੇ ਕਿਹਾ ਕਿ ਇਹ ਮੌਕਾ ਭਾਰਤ ਦੇ ਅਮੀਰ ਸੱਭਿਆਚਾਰਕ ਵਿਰਸੇ ਅਤੇ ਨੈਤਿਕ ਕਦਰਾਂ-ਕੀਮਤਾਂ ਨੂੰ ਸੁਰੱਖਿਅਤ ਰੱਖਣ ਦਾ ਵੀ ਇੱਕ ਮੌਕਾ ਏ ਅਤੇ ਇਹ ਔਰਤਾਂ ਦੇ ਅਧਿਕਾਰਾਂ ਦੀ ਰੱਖਿਆ ਅਤੇ ਉਨ੍ਹਾਂ ਦਾ ਸਤਿਕਾਰ ਕਰਨ ਦੇ ਦ੍ਰਿੜ ਇਰਾਦੇ ਨੂੰ ਹੋਰ ਮਜ਼ਬੂਤ ਕਰਦਾ ਏ। ਰਾਸ਼ਟਰਪਤੀ ਨੇ ਦੇਸ਼ ਵਾਸੀਆਂ ਨੂੰ ਇੱਕ ਖੁਸ਼ਹਾਲ ਦੇਸ਼ ਬਣਾਉਣ ਦੀ ਸਹੁੰ ਚੁੱਕਣ ਦੀ ਅਪੀਲ ਕੀਤੀ ਜਿੱਥੇ ਹਰ ਔਰਤ ਸੁਰੱਖਿਅਤ ਮਹਿਸੂਸ ਕਰੇ, ਅਤੇ ਦੇਸ਼ ਦੇ ਵਿਕਾਸ ਵਿੱਚ ਸਰਗਰਮੀ ਨਾਲ ਯੋਗਦਾਨ ਪਾ ਸਕੇ। ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਵੀ ਰੱਖੜੀ ਦੇ ਤਿਉਹਾਰ 'ਤੇ ਦੇਸ਼ ਵਾਸੀਆਂ ਨੂੰ ਸ਼ੁਭਕਾਮਨਾਵਾਂ ਦਿੱਤੀਆਂ ਨੇ.

-----------------------------------------------------------------------

ਪੰਜਾਬ ‘ਚ ਵੀ ਰਖੜੀ ਦਾ ਤਿਉਹਾਰ ਖੁਸ਼ੀਆਂ ਨਾਲ ਮਨਾਇਆ ਜਾ

ਰਿਹਾ ਏ. ਖਾਸ ਤੌਰ ‘ਤੇ ਸਾਡੀਆਂ ਸਰਹੱਦਾਂ ਦੇ ਪਹਿਰੇਦਾਰ, ਸਰਹੱਦੀ ਸੁਰੱਖਿਆ ਬਲ (BSF) ਦੇ ਜਵਾਨ ਵੀ ਆਪਣੇ ਘਰਾਂ ਤੋਂ ਦੂਰ ਡਿਉਟੀ ਕਰਦਿਆਂ ਇਹ ਤਿਉਹਾਰ ਮਨਾ ਰਹੇ ਨੇ. ਔਰਤਾਂ ਅਤੇ ਕੁੜੀਆਂ, ਪੰਜਾਬ ਸਰਹੱਦ, ਜਿਸ ਵਿੱਚ ਅੰਤਰਰਾਸ਼ਟਰੀ ਪੱਧਰ 'ਤੇ ਮਸ਼ਹੂਰ ਅਟਾਰੀ-ਵਾਹਗਾ ਸਾਂਝੀ ਚੈੱਕ ਪੋਸਟ ਵੀ ਸ਼ਾਮਲ ਏ ਸਮੇਤ ਵੱਖ-ਵੱਖ ਸਥਾਨਾਂ 'ਤੇ BSF ਦੇ ਬਹਾਦਰ ਫੌਜੀਆਂ ਨੂੰ ਪਵਿੱਤਰ ਰੱਖੜੀਆਂ ਬੰਨ੍ਹ ਰਹੀਆਂ ਨੇ. ਸਾਡੇ ਜਲੰਧਰ ਵਾਲੇ ਪੱਤਰਕਾਰ ਨੇ ਖਬਰ ਦਿੱਤੀ ਏ ਕਿ ਪੰਜਾਬ ਦੇ ਸਾਬਕਾ ਸਿਹਤ ਮੰਤਰੀ, ਪ੍ਰੋਫੈਸਰ ਲਕਸ਼ਮੀ ਕਾਂਤ ਚਾਵਲਾ, ਪਿਛਲੇ 50 ਸਾਲਾਂ ਤੋਂ ਵੱਧ ਸਮੇਂ ਤੋਂ ਸਰਹੱਦ 'ਤੇ ਫੌਜੀਆਂ ਨਾਲ ਇਹ ਤਿਉਹਾਰ ਮਨਾ ਰਹੇ ਨੇ। ਅੱਜ ਉਹ ਹੋਰ ਔਰਤਾਂ ਅਤੇ ਕੁੜੀਆਂ ਨਾਲ ਪਵਿੱਤਰ ਰੱਖੜੀ ਬੰਨ੍ਹਣ ਲਈ ਪਹੁੰਚੀਆਂ ਤੇ ਸਰਹੱਦ ਦੀ ਰਾਖੀ ਕਰਨ ਵਾਲੇ ਜਵਾਨਾਂ ਦਾ ਧੰਨਵਾਦ ਪ੍ਰਗਟਾਇਆ। ਇਹ ਪਲ ਯਾਦ ਦਿਵਾਉਂਦੇ ਨੇ ਕਿ ਰੱਖੜੀ ਸਿਰਫ਼ ਭੈਣ-ਭਰਾ ਦੇ ਰਿਸ਼ਤੇ ਬਾਰੇ ਨਹੀਂ ਏ, ਸਗੋਂ ਸਾਡੀ ਸ਼ਾਂਤੀ ਦੇ ਰੱਖਿਅਕਾਂ ਦਾ ਸਨਮਾਨ ਕਰਨ ਬਾਰੇ ਵੀ ਏ । CRPF ਦੇ ਜਵਾਨਾਂ ਨੇ ਚੰਡੀਗੜ੍ਹ ਵਿਖੇ ਵੀ ਤਿਉਹਾਰ ਮਨਾਇਆ। ਭਾਵੁਕ ਪਲ ਫੌਜੀਆਂ ਨੂੰ ਇੱਕ ਮੌਨ ਵਾਅਦੇ ਵਾਂਗ ਸਨ ਕਿ ਤੁਸੀਂ ਦੇਸ਼ ਦੀ ਰੱਖਿਆ ਕਰਦੇ ਹੋ, ਅਤੇ ਅਸੀਂ ਹਮੇਸ਼ਾ ਤੁਹਾਡੇ ਨਾਲ ਖੜ੍ਹੇ ਰਹਾਂਗੇ। ਕੱਲ੍ਹ, ਅੰਮ੍ਰਿਤਸਰ ਤੋਂ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੂੰ 'ਆਪ੍ਰੇਸ਼ਨ

ਸਿੰਦੂਰ' ਲਈ ਸ਼ੁਕਰਗੁਜ਼ਾਰੀ ਵਜੋਂ ਸੈਂਕੜੇ ਰੱਖੜੀਆਂ ਭੇਜੀਆਂ ਗਈਆਂ.

----------------------------------------------------------------

ਪੰਜਾਬ ਨੂੰ ਸੁਰੱਖਿਅਤ ਸੂਬਾ ਬਣਾਉਣ ਲਈ ਜਾਰੀ ਮੁਹਿੰਮ ਦੌਰਾਨ, ਇੱਕ ਵੱਡੀ ਸਫ਼ਲਤਾ ਹਾਸਲ ਕਰਦਿਆਂ ਅੰਮ੍ਰਿਤਸਰ ਕਮਿਸ਼ਨਰੇਟ ਪੁਲਿਸ ਨੇ ਇੱਕ ਨਾਬਾਲਗ ਸਮੇਤ ਦੋ ਮੁਲਜ਼ਮਾਂ ਨੂੰ ਗ੍ਰਿਫਤਾਰ ਕਰਕੇ, ਜਨਤਕ ਥਾਵਾਂ ‘ਤੇ  ਖਾਲਿਸਤਾਨ ਪੱਖੀ ਨਾਅਰੇ ਲਿਖਣ ਸਬੰਧੀ ਕੇਸ ਨੂੰ ਸੁਲਝਾ ਲਿਆ ਏ। ਇਹ ਜਾਣਕਾਰੀ ਪੰਜਾਬ ਦੇ ਡਾਇਰੈਕਟਰ ਜਨਰਲ ਆਫ਼ ਪੁਲਿਸ (ਡੀਜੀਪੀ) ਗੌਰਵ ਯਾਦਵ ਨੇ ਦਿੱਤੀ। ਪ੍ਰਾਪਤ ਜਾਣਕਾਰੀ ਮੁਤਾਬਕ ਬੁੱਧਵਾਰ ਅਤੇ ਵੀਰਵਾਰ ਦੀ ਦਰਮਿਆਨੀ ਰਾਤ ਨੂੰ ਸ਼ਹਿਰ ਵਿੱਚ ਤਿੰਨ ਥਾਵਾਂ ’ਤੇ ਖਾਲਿਸਤਾਨ ਪੱਖੀ ਨਾਅਰੇ ਲਿਖੇ ਪਾਏ ਗਏ। ਦੱਸਣਯੋਗ ਏ ਕਿ ਅਮਰੀਕਾ ਸਥਿਤ ਪਾਬੰਦੀਸ਼ੁਦਾ ਸੰਗਠਨ ਸਿੱਖਸ ਫਾਰ ਜਸਟਿਸ (SFJ) ਦੇ ਮੁਖੀ ਗੁਰਪਤਵੰਤ ਸਿੰਘ ਪੰਨੂ ਨੇ ਸੋਸ਼ਲ ਮੀਡੀਆ ’ਤੇ ਇੱਕ ਵੀਡੀਓ ਜਾਰੀ ਕਰਕੇ ਇਸ ਦੀ ਜ਼ਿੰਮੇਵਾਰੀ ਲਈ ਸੀ। ਡੀਜੀਪੀ ਗੌਰਵ ਯਾਦਵ ਨੇ ਕਿਹਾ ਕਿ ਮੁੱਢਲੀ ਜਾਂਚ ਤੋਂ ਪਤਾ ਲੱਗਿਆ ਏ ਕਿ ਗ੍ਰਿਫ਼ਤਾਰ ਕੀਤੇ ਗਏ ਦੋਵੇਂ ਮੁਲਜ਼ਮ ਵਿਦੇਸ਼-ਅਧਾਰਤ ਸ਼ਮਸ਼ੇਰ ਸਿੰਘ ਉਰਫ਼ ਸ਼ੇਰਾ ਮਾਨ ਦੇ ਸੰਪਰਕ ਵਿੱਚ ਸਨ, ਜਿਸ ਨੇ ਉਨ੍ਹਾਂ ਨੂੰ ਗੁਰਪਤਵੰਤ ਪੰਨੂ ਦੇ ਨਿਰਦੇਸ਼ਾਂ ’ਤੇ ਇਹ ਕਾਰਵਾਈ ਕਰਨ ਲਈ ਕਿਹਾ ਸੀ। ਡੀਜੀਪੀ ਨੇ ਕਿਹਾ ਕਿ ਇਸ ਮਾਮਲੇ ਦੀ ਅਗਲੇਰੀ ਜਾਂਚ ਜਾਰੀ ਏ।

-----------------------------------------------------------------------

ਪੰਜਾਬ 'ਚ, ਆਉਂਦੇ ਆਜ਼ਾਦੀ ਦਿਵਸ ਜਸ਼ਨਾਂ ਦੇ ਮੱਦੇਨਜ਼ਰ ਵਧਾਈ ਗਈ ਸੁਰੱਖਿਆ ਦੌਰਾਨ, ਪੰਜਾਬ ਪੁਲਿਸ ਨੇ ਸੂਬੇ ਭਰ ਦੇ 151 ਰੇਲਵੇ ਸਟੇਸ਼ਨਾਂ ’ਤੇ ਘੇਰਾਬੰਦੀ ਅਤੇ ਭਾਲ ਕਾਰਵਾਈ (ਕਾਸੋ) ਚਲਾਈ। ਇਹ ਕਾਰਵਾਈ ਪੰਜਾਬ ਪੁਲਿਸ ਦੇ ਡਾਇਰੈਕਟਰ ਜਨਰਲ (ਡੀਜੀਪੀ) ਗੌਰਵ ਯਾਦਵ ਦੇ ਨਿਰਦੇਸ਼ਾਂ ’ਤੇ ਸਾਰੇ 28 ਪੁਲਿਸ ਜ਼ਿਲ੍ਹਿਆਂ ਵਿੱਚ ਸਵੇਰੇ 11 ਵਜੇ ਤੋਂ ਦੁਪਹਿਰ ਬਾਅਦ 2 ਵਜੇ ਤੱਕ ਇੱਕੋ ਸਮੇਂ ਚਲਾਈ ਗਈ। ਇਸ ਤੋਂ ਇਲਾਵਾ, ਪੁਲਿਸ ਟੀਮਾਂ ਨੇ 160ਵੇਂ ਦਿਨ, "ਯੁੱਧ ਨਸ਼ਿਆਂ ਵਿਰੁੱਧ" ਮੁਹਿੰਮ ਜਾਰੀ ਰੱਖਦਿਆਂ, 352 ਥਾਵਾਂ ’ਤੇ ਛਾਪੇਮਾਰੀ ਕੀਤੀ, ਜਿਸ ਦੌਰਾਨ ਰਾਜ ਭਰ ਤੋਂ 96 ਨਸ਼ਾ ਤਸਕਰਾਂ ਨੂੰ ਗ੍ਰਿਫ਼ਤਾਰ ਕਰਨ ਤੋਂ ਬਾਅਦ, 59 FIRs ਦਰਜ ਕੀਤੀਆਂ ਗਈਆਂ। ਇਸ ਦੇ ਨਾਲ ਹੀ, 160 ਦਿਨਾਂ ਦੇ ਅੰਦਰ ਗ੍ਰਿਫ਼ਤਾਰ ਕੀਤੇ ਗਏ ਕੁੱਲ ਨਸ਼ਾ ਤਸਕਰਾਂ ਦੀ ਗਿਣਤੀ ਹੁਣ, 25 ਹਜ਼ਾਰ 149 ਹੋ ਗਈ ਏ।